# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   22 ਅਗਸਤ 2026 ਦਿਨ ਸ਼ਨੀਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਸਿਹਤ ਮੰਤਰੀ ਨੇ ਲੋਕਾਂ ਦੀ ਸੂਚਨਾ 'ਤੇ ਖੁਦ ਪਿੰਡ ਕਸਿਆਣਾ ਪੁੱਜਕੇ ਦਬੋਚਿਆ ਨਸ਼ਾ ਤਸਕਰ

### ਨਸ਼ਾ ਤਸਕਰਾਂ ਦੀ ਖ਼ੈਰ ਨਹੀਂ, ਭਗਵੰਤ ਮਾਨ ਸਰਕਾਰ ਨਸ਼ਿਆਂ ਵਿਰੁੱਧ ਜੰਗੀ ਪੱਧਰ 'ਤੇ ਕਾਰਵਾਈ ਜਾਰੀ -ਡਾ. ਬਲਬੀਰ ਸਿੰਘ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 22 ਅਗਸਤ: ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸ਼ਾਮ ਆਪਣੇ ਹਲਕੇ ਪਟਿਆਲਾ ਦਿਹਾਤੀ ਦੇ ਪਿੰਡ ਕਸਿਆਣਾ ਵਿਖੇ ਪਿੰਡ ਵਾਸੀਆਂ ਵੱਲੋਂ ਮਿਲੀ ਸੂਚਨਾ ਦੇ ਆਧਾਰ 'ਤੇ ਖੁਦ ਮੌਕੇ 'ਤੇ ਪਹੁੰਚ ਕੇ ਇੱਕ ਕਥਿਤ ਨਸ਼ਾ ਤਸਕਰ ਨੂੰ ਨਸ਼ਾ ਸਪਲਾਈ ਕਰਦਿਆਂ ਕਾਬੂ ਕਰਵਾਇਆ ਅਤੇ ਪੁਲਿਸ ਦੇ ਹਵਾਲੇ ਕੀਤਾ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਨੂੰ ਸੂਚਨਾ ਦਿੱਤੀ ਗਈ ਸੀ ਕਿ ਪਿੰਡ ਵਿੱਚ ਇੱਕ ਵਿਅਕਤੀ ਵੱਲੋਂ ਨਸ਼ੇ ਦੀ ਸਪਲਾਈ ਕੀਤੀ ਜਾ ਰਹੀ ਹੈ। ਸੂਚਨਾ ਮਿਲਦਿਆਂ ਹੀ ਉਨ੍ਹਾਂ ਨੇ ਆਪਣੇ ਸੁਰੱਖਿਆ ਕਰਮਚਾਰੀਆਂ ਨੂੰ ਤੁਰੰਤ ਪਿੰਡ ਭੇਜਿਆ ਅਤੇ ਖੁਦ ਵੀ ਮੌਕੇ 'ਤੇ ਪਹੁੰਚੇ। ਉਨ੍ਹਾਂ ਪੁਲਿਸ ਨੂੰ ਸਖ਼ਤ ਹਦਾਇਤ ਕੀਤੀ ਕਿ ਨਸ਼ਾ ਤਸਕਰੀ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨਾਲ ਕੋਈ ਨਰਮੀ ਨਾ ਵਰਤੀ ਜਾਵੇ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।

ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਦੇ ਨਾਲ-ਨਾਲ ਨਸ਼ੇ ਦੀ ਲਤ ਦਾ ਸ਼ਿਕਾਰ ਲੋਕਾਂ ਨੂੰ ਇਲਾਜ ਅਤੇ ਮੁੜ ਵਸੇਬੇ ਦੇ ਮੌਕੇ ਵੀ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਨਸ਼ਾ ਕਰਨ ਵਾਲਾ ਵਿਅਕਤੀ ਸੱਚਾਈ ਸਾਹਮਣੇ ਲਿਆਉਣ ਅਤੇ ਨਸ਼ਾ ਛੱਡਣ ਲਈ ਤਿਆਰ ਹੈ ਤਾਂ ਸਰਕਾਰ ਉਸ ਦਾ ਇਲਾਜ ਕਰਵਾਉਣ ਅਤੇ ਉਸ ਨੂੰ ਹੁਨਰਮੰਦ ਬਣਾ ਕੇ ਰੋਜ਼ਗਾਰ ਨਾਲ ਜੋੜਨ ਲਈ ਹਰ ਸੰਭਵ ਸਹਾਇਤਾ ਕਰੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਸਪੱਸ਼ਟ ਸੁਨੇਹਾ ਹੈ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ, ਜਦਕਿ ਨਸ਼ੇ ਦੀ ਲਤ ਤੋਂ ਪੀੜਤ ਵਿਅਕਤੀਆਂ ਨੂੰ ਇਲਾਜ, ਕਾਊਂਸਲਿੰਗ ਅਤੇ ਮੁੜ ਵਸੇਬੇ ਰਾਹੀਂ ਮੁੱਖ ਧਾਰਾ ਵਿੱਚ ਲਿਆਂਦਾ ਜਾਵੇਗਾ।

ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਤਸਕਰੀ ਜਾਂ ਨਸ਼ਿਆਂ ਦੀ ਸਪਲਾਈ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਤੁਰੰਤ ਪੁਲਿਸ ਨਾਲ ਸਾਂਝੀ ਕਰਨ। ਉਨ੍ਹਾਂ ਪਿੰਡ ਵਾਸੀਆਂ ਵੱਲੋਂ ਦਿਤੀ ਗਈ ਜਾਣਕਾਰੀ ਲਈ ਸ਼ਲਾਘਾ ਕਰਦਿਆਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ। ਇਸ ਮੌਕੇ ਡੀ ਐਸ ਪੀ ਜੰਗ ਜੀਤ ਸਿੰਘ ਰੰਧਾਵਾ ਵੀ ਮੌਜੂਦ ਸਨ।

## ਖੇਤੀ ਵਿਭਿੰਨਤਾ ਦੇ ਸੁਨੇਹੇ ਨਾਲ ਪੀ ਏ ਯੂ ਵਿਖੇ ਹਾੜ੍ਹੀ ਬਾਰੇ ਦੋ-ਰੋਜ਼ਾ ਖੋਜ ਅਤੇ ਪਸਾਰ ਮਾਹਿਰਾਂ ਦੀ ਵਰਕਸ਼ਾਪ ਨੇਪਰੇ ਚੜ੍ਹੀ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 22 ਅਗਸਤ : ਪੀ ਏ ਯੂ ਦੇ ਡਾਇਰੈਕਟੋਰੇਟ ਪਸਾਰ ਸਿੱਖਿਆ ਵਲੋਂ ਹਾੜ੍ਹੀ ਦੀਆਂ ਫ਼ਸਲਾਂ ਲਈ ਖੋਜ ਅਤੇ ਪਸਾਰ ਮਾਹਿਰਾਂ ਦੀ ਦੋ-ਰੋਜ਼ਾ ਵਰਕਸ਼ਾਪ ਅੱਜ ਪਾਲ ਆਡੀਟੋਰੀਅਮ ਵਿਚ ਸੰਪੰਨ ਹੋ ਗਈ। ਵਰਕਸ਼ਾਪ ਦੇ ਦੂਜੇ ਦਿਨ ਮਾਹਿਰਾਂ ਲਈ ਖੇਤ ਪ੍ਰਦਰਸ਼ਨੀਆਂ ਤੋਂ ਇਲਾਵਾ ਤਕਨੀਕੀ ਸੈਸ਼ਨ ਵੀ ਹੋਏ। ਇਨ੍ਹਾਂ ਵਿਚ ਖੇਤੀ ਮਸ਼ੀਨਰੀ, ਨਵੀਆਂ ਛਿੜਕਾਅ ਤਕਨੀਕਾਂ, ਬਦਲਵੀਆਂ ਫਸਲਾਂ ਦੀ ਕਾਸ਼ਤ, ਜੀਵਾਣੂੰ ਖਾਦਾਂ ਅਤੇ ਹਾੜ੍ਹੀ ਦੀਆਂ ਫ਼ਸਲਾਂ ਦੇ ਅਰਥ ਸ਼ਾਸਤਰ ਨਾਲ ਸਬੰਧਤ ਨਵੀਆਂ ਖੋਜ ਤਕਨਾਲੋਜੀਆਂ ਸਾਂਝੀਆਂ ਕੀਤੀਆਂ ਗਈਆਂ।

ਇਸ ਵਰਕਸ਼ਾਪ ਵਿੱਚ ਖੇਤੀਬਾੜੀ ਵਿਭਾਗ, ਪੰਜਾਬ ਦੇ ਅਧਿਕਾਰੀਆਂ ਅਤੇ ਕ੍ਰਿਸ਼ੀ ਵਿਗਿਆਨ ਕੇਂਦਰਾਂ , ਫਾਰਮ ਸਲਾਹਕਾਰ ਸੇਵਾ ਕੇਂਦਰਾਂ, ਖੇਤਰੀ ਖੋਜ ਕੇਂਦਰਾਂ ਦੇ ਮਾਹਿਰਾਂ ਅਤੇ ਪੀ ਏ ਯੂ ਵਿਗਿਆਨੀਆਂ ਨੇ ਭਾਰੀ ਗਿਣਤੀ ਵਿੱਚ ਭਾਗ ਲਿਆ। ਦੂਜੇ ਦਿਨ ਦੀ ਕਾਰਵਾਈ ਵਿੱਚ ਪੰਜਾਬ ਦੇ ਨਿਰਦੇਸ਼ਕ ਖੇਤੀਬਾੜੀ ਸ. ਗੁਰਜੀਤ ਸਿੰਘ ਬਰਾੜ; ਪੀਏਯੂ ਦੇ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ; ਡਾ. ਕਰਮਜੀਤ ਸਿੰਘ ਗਿੱਲ; ਅਤੇ ਪੰਜਾਬ ਦੇ ਖੇਤੀਬਾੜੀ ਵਿਭਾਗ ਦੇ ਸੰਯੁਕਤ ਨਿਰਦੇਸ਼ਕ ਸ. ਨਰਿੰਦਰ ਸਿੰਘ ਬੈਨੀਪਾਲ ਤੋਂ ਇਲਾਵਾ ਹੋਰ ਅਧਿਕਾਰੀ ਅਤੇ ਵਿਗਿਆਨੀ ਸ਼ਾਮਲ ਸਨ।



ਦਿਨ ਦੀ ਸ਼ੁਰੂਆਤ ਮਾਹਿਰਾਂ ਦੇ ਖੇਤ ਪ੍ਰਦਰਸ਼ਨੀਆਂ ਦੇ ਦੌਰੇ ਨਾਲ ਹੋਈ। ਪਸਾਰ ਕਰਮੀਆਂ ਨੇ ਖੇਤ ਪ੍ਰਦਰਸ਼ਨੀਆਂ ਵਿਚ ਨਵੀਆਂ ਕਿਸਮਾਂ ਅਤੇ ਕਾਸ਼ਤ ਤਕਨੀਕਾਂ ਦੇ ਪ੍ਰਦਰਸ਼ਨ ਨੂੰ ਦੇਖਿਆ ਅਤੇ ਯੂਨੀਵਰਸਿਟੀ ਮਾਹਿਰਾਂ ਤੋਂ ਇਸ ਬਾਬਤ ਜਾਣਕਾਰੀ ਹਾਸਿਲ ਕੀਤੀ।

ਉਪਰੰਤ ਤੀਜਾ ਤਕਨੀਕੀ ਸੈਸ਼ਨ ਹੋਇਆ, ਜਿਸਦੀ ਪ੍ਰਧਾਨਗੀ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਨੇ ਕੀਤੀ।

ਡਾ ਭੁੱਲਰ ਨੇ ਆਪਣੀ ਵਿਸ਼ੇਸ਼ ਟਿੱਪਣੀ ਵਿੱਚ ਇਸ ਵਰਕਸ਼ਾਪ ਨੂੰ ਯੂਨੀਵਰਸਿਟੀ ਅਤੇ ਖੇਤੀਬਾੜੀ ਵਿਭਾਗ ਵਿਚਕਾਰ ਸਾਂਝ ਦਾ ਪ੍ਰਤੀਕ ਕਿਹਾ । ਉਹਨਾਂ ਕਿਹਾ ਕਿ ਯੂਨੀਵਰਸਿਟੀ ਦੀਆਂ ਖੋਜਾਂ ਅਤੇ ਵਿਕਸਿਤ ਕੀਤੀਆਂ ਤਕਨੀਕਾਂ ਨੂੰ ਕਿਸਾਨਾਂ ਤੱਕ ਪਹੁੰਚਾਉਣ ਲਈ ਪਸਾਰ ਮਾਹਿਰਾਂ ਨੂੰ ਹੋਰ ਵੀ ਤਨਦੇਹੀ ਨਾਲ ਯਤਨ ਕਰਨੇ ਚਾਹੀਦੇ ਹਨ । ਉਹਨਾਂ ਆਸ ਪ੍ਰਗਟਾਈ ਕਿ ਇਸ ਵਰਕਸ਼ਾਪ ਤੋਂ ਪ੍ਰਾਪਤ ਸਿੱਟਿਆਂ ਅਤੇ ਖੇਤੀ ਤਕਨਾਲੋਜੀ ਨੂੰ ਕਿਸਾਨਾਂ ਤੱਕ ਪਹੁੰਚਾਉਣ ਲਈ ਪਸਾਰ ਮਾਹਿਰ ਸਿਰਤੋੜ ਯਤਨ ਕਰਨਗੇ।

ਵਧੀਕ ਨਿਰਦੇਸ਼ਕ ਪਸਾਰ ਸਿੱਖਿਆ ਅਤੇ ਡਾ ਤਰਸੇਮ ਸਿੰਘ ਢਿੱਲੋਂ ਵੱਲੋਂ ਇਸ ਸੈਸ਼ਨ ਦਾ ਸੰਚਾਲਨ ਕੀਤਾ ਗਿਆ।

ਖੇਤ ਮਸ਼ੀਨਰੀ ਅਤੇ ਪਾਵਰ ਇੰਜੀਨੀਅਰਿੰਗ ਵਿਭਾਗ ਦੇ ਡਾ. ਮਹੇਸ਼ ਕੁਮਾਰ ਨਾਰੰਗ ਨੇ ਖੇਤੀਬਾੜੀ ਵਿੱਚ ਮਸ਼ੀਨਰੀ ਅਤੇ ਛਿੜਕਾਅ ਤਕਨਾਲੋਜੀ 'ਤੇ ਪੇਸ਼ਕਾਰੀ ਦਿੰਦਿਆਂ ਕੁਸ਼ਲ ਸਪਰੇਅ ਤਕਨਾਲੋਜੀਆਂ ਦੀ ਭੂਮਿਕਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਹੈਪੀ ਸੀਡਰ, ਸੁਪਰ ਸੀਡਰ, ਸਮਾਰਟ ਸੀਡਰ ਅਤੇ ਸਰਫੇਸ ਸੀਡਰ ਸਮੇਤ ਪਰਾਲੀ ਦੇ ਖੇਤ ਵਿਚ ਅਤੇ ਖੇਤ ਤੋਂ ਬਾਹਰ ਪ੍ਰਬੰਧਨ ਲਈ ਪੀ ਏ ਯੂ ਦੀ ਸਿਫਾਰਸ਼ ਕੀਤੀ ਮਸ਼ੀਨਰੀ ਦੀ ਵਰਤੋਂ ਬਾਰੇ ਚਰਚਾ ਕੀਤੀ।

ਡਾ. ਵਰੁਣ ਅੱਤਰੀ ਨੇ ਪੰਜਾਬ ਵਿੱਚ ਬਾਂਸ ਦੀ ਕਾਸ਼ਤ ਦੀ ਸੰਭਾਵਨਾ ਰਾਹੀਂ ਖੇਤੀ ਵਿਭਿੰਨਤਾ ਅਤੇ ਆਮਦਨ ਦੀ ਸੰਭਾਵਨਾ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਪੰਜਾਬ ਵਿੱਚ ਬਾਂਸ ਦੀ ਕਾਸ਼ਤ ਲਈ ਅਨੁਕੂਲ ਮੌਸਮੀ ਸਥਿਤੀਆਂ ਅਤੇ ਢੁਕਵੀਆਂ ਕਿਸਮਾਂ ਸਾਂਝੀਆਂ ਕੀਤੀਆਂ, ਜਿਨ੍ਹਾਂ ਵਿੱਚ ਹਾਰਾ ਬੰਸ, ਲਾਠੀ ਬੰਸ, ਕਾਂਤਾ ਬੰਸ-1, ਪੀਲਾ ਬੰਸ ਅਤੇ ਬਾਲਕੁਆ ਬੰਸ ਪ੍ਰਮੁੱਖ ਹਨ।

ਡਾ. ਜੁਪਿੰਦਰ ਕੌਰ ਨੇ ਹਾੜ੍ਹੀ ਦੀਆਂ ਫਸਲਾਂ ਵਿੱਚ ਜੀਵਾਣੂੰ ਖਾਦਾਂ ਦੀ ਭੂਮਿਕਾ ਅਤੇ ਵਰਤੋਂ ਬਾਰੇ ਵਿਸਥਾਰ ਨਾਲ ਦੱਸਦਿਆਂ ਮਿੱਟੀ ਦੀ ਸਿਹਤ ਅਤੇ ਪੌਸ਼ਟਿਕ ਤੱਤਾਂ ਦੇ ਵਾਧੇ ਵਿੱਚ ਉਨ੍ਹਾਂ ਦੇ ਯੋਗਦਾਨ 'ਤੇ ਜ਼ੋਰ ਦਿੱਤਾ। ਉਸਨੇ ਫਾਸਫੋਰਸ ਘੁਲਣਸ਼ੀਲਤਾ ਅਤੇ ਪੌਦਿਆਂ ਦੇ ਵਾਧੇ ਨੂੰ ਉਤਸ਼ਾਹਿਤ ਕਰਨ ਵਾਲੀਆਂ ਕੰਸੋਰਸ਼ੀਅਮ ਅਤੇ ਰਾਈਜ਼ੋਬੀਅਮ ਜੀਵਾਣੂੰ ਖਾਦਾਂ ਬਾਰੇ ਚਰਚਾ ਕੀਤੀ। ਨਾਲ ਹੀ ਜੈਵਿਕ ਢੰਗਾਂ ਨਾਲ ਬੀਜ ਸੋਧ ਦੇ ਸਹੀ ਢੰਗ ਬਾਰੇ ਵੀ ਦੱਸਿਆ ਗਿਆ।

ਅਰਥ ਸ਼ਾਸਤਰ ਅਤੇ ਸਮਾਜ ਸ਼ਾਸਤਰ ਵਿਭਾਗ ਦੇ ਮੁਖੀ ਡਾ ਜਤਿੰਦਰ ਮੋਹਨ ਸਿੰਘ ਨੇ ਹਾੜ੍ਹੀ ਦੀਆਂ ਫਸਲਾਂ ਬਾਰੇ ਆਰਥਿਕ ਨਜ਼ਰੀਆ ਪੇਸ਼ ਕਰਨ ਸਮੇਂ ਉਤਪਾਦਨ ਲਾਗਤ ਅਤੇ ਆਮਦਨ ਨੂੰ ਪ੍ਰਭਾਵਿਤ ਕਰਨ ਵਾਲੇ ਮੁੱਖ ਤੱਥਾਂ ਨੂੰ ਉਜਾਗਰ ਕੀਤਾ।

ਤਕਨੀਕੀ ਸੈਸ਼ਨ ਤੋਂ ਬਾਅਦ ਵਿਚ ਚਰਚਾ ਸੈਸ਼ਨ ਵਿਚ ਸਵਾਲਾਂ ਦੇ ਨਾਲ ਤਜਰਬੇ ਅਤੇ ਸੁਝਾਅ ਸਾਂਝੇ ਕੀਤੇ ਗਏ।

ਇਸ ਵਰਕਸ਼ਾਪ ਵਿਚ ਹੋਈ ਚਰਚਾ ਤੋਂ ਪੀ ਏ ਯੂ ਨੂੰ ਆਪਣੇ ਖੋਜ ਅਤੇ ਪਸਾਰ ਕਾਰਜਾਂ ਨੂੰ ਕਿਸਾਨਾਂ ਦੀਆਂ ਜ਼ਰੂਰਤਾਂ ਨਾਲ ਜੋੜਨ ਅਤੇ ਵਿਹਾਰਕ ਹੱਲ ਦੀ ਤਲਾਸ਼ ਕਰਨ ਵਿੱਚ ਮਦਦ ਮਿਲਣ ਦੀ ਉਮੀਦ ਹੈ।

## ਪੀ.ਏ.ਯੂ. ਲੁਧਿਆਣਾ ਦੇ ਤੇਲ-ਬੀਜ (Oilseeds) ਭਾਗ ਨੂੰ ਰਾਸ਼ਟਰੀ ਪੱਧਰ 'ਤੇ 'ਬੈਸਟ ਪਰਫਾਰਮਰ' (ਵਧੀਆ ਕਾਰਗੁਜ਼ਾਰੀ) ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 22 ਅਗਸਤ : ਪੰਜਾਬ ਖੇਤੀਬਾੜੀ ਯੂਨੀਵਰਸਿਟੀ (PAU), ਲੁਧਿਆਣਾ ਦੇ ਪੌਦਾ ਪ੍ਰਜਨਨ ਅਤੇ ਜੈਨੇਟਿਕਸ ਵਿਭਾਗ ਦੇ ਤੇਲ-ਬੀਜ ਭਾਗ ਨੂੰ 'ਰੇਪਸੀਡ-ਮਸਟਰਡ' (ਸਰ੍ਹੋਂ-ਤੋਰੀਆ) 'ਤੇ 'ਆਲ ਇੰਡੀਆ ਕੋਆਰਡੀਨੇਟਿਡ ਰਿਸਰਚ ਪ੍ਰੋਜੈਕਟ' (AICRP) ਤਹਿਤ ਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਖੋਜ ਕਾਰਗੁਜ਼ਾਰੀ ਅਤੇ ਫਸਲ ਸੁਧਾਰ ਵਿੱਚ ਅਹਿਮ ਯੋਗਦਾਨ ਲਈ 'ਬੈਸਟ ਪਰਫਾਰਮਰ' ਪੁਰਸਕਾਰ ਦਿੱਤਾ ਗਿਆ ਹੈ।






ਇਹ ਪੁਰਸਕਾਰ 17-18 ਅਪ੍ਰੈਲ, 2026 ਨੂੰ ਭਰਤਪੁਰ, ਰਾਜਸਥਾਨ ਸਥਿਤ ICAR-ਇੰਡੀਅਨ ਇੰਸਟੀਚਿਊਟ ਆਫ਼ ਰਿਸਰਚ ਇਨ ਰੇਪਸੀਡ-ਮਸਟਰਡ (ICAR-IIRMR) ਵਿਖੇ ਆਯੋਜਿਤ AICRP (ਰੇਪਸੀਡ-ਮਸਟਰਡ) ਦੀ 33ਵੀਂ ਸਾਲਾਨਾ ਸਮੂਹ ਮੀਟਿੰਗ ਦੌਰਾਨ ਦਿੱਤਾ ਗਿਆ।

ਇਹ ਪੁਰਸਕਾਰ ਡਾ. ਐਮ.ਐਲ. ਜੱਟ (ਸਕੱਤਰ, DARE ਅਤੇ ਡਾਇਰੈਕਟਰ ਜਨਰਲ, ICAR), ਡਾ. ਡੀ.ਕੇ. ਯਾਦਵ (ਡਿਪਟੀ ਡਾਇਰੈਕਟਰ ਜਨਰਲ - ਫਸਲ ਵਿਗਿਆਨ, ICAR), ਡਾ. ਐਸ.ਕੇ. ਝਾਅ (ਡਿਪਟੀ ਡਾਇਰੈਕਟਰ ਜਨਰਲ - ਤੇਲ-ਬੀਜ ਅਤੇ ਦਾਲਾਂ, ICAR), ਡਾ. ਐਸ.ਐਸ. ਬਾਂਗਾ (ਸਾਬਕਾ ICAR ਰਾਸ਼ਟਰੀ ਪ੍ਰੋਫ਼ੈਸਰ), ਡਾ. ਪੀ.ਆਰ. ਚੌਧਰੀ (ਸਹਾਇਕ ਡਾਇਰੈਕਟਰ ਜਨਰਲ - ਬੀਜ, ICAR) ਅਤੇ ਡਾ. ਵੀ.ਵੀ. ਸਿੰਘ (ਡਾਇਰੈਕਟਰ, ICAR-IIRMR) ਦੁਆਰਾ ਪ੍ਰਦਾਨ ਕੀਤਾ ਗਿਆ।

ਇਹ ਪੁਰਸਕਾਰ ਪੀ.ਏ.ਯੂ. ਵੱਲੋਂ ਕਿਸਮਾਂ ਦੇ ਵਿਕਾਸ, ਫਸਲ ਸੁਧਾਰ ਅਤੇ ਤੇਲ-ਬੀਜ ਫਸਲਾਂ (ਸਰ੍ਹੋਂ-ਤੋਰੀਆ) ਦੀ ਉਤਪਾਦਕਤਾ ਵਧਾਉਣ ਵਿੱਚ ਪਾਏ ਗਏ ਅਹਿਮ ਯੋਗਦਾਨ ਦੇ ਮਾਨਤਾ ਵਜੋਂ ਦਿੱਤਾ ਗਿਆ ਹੈ; ਇਸ ਵਿੱਚ ਲੋੜੀਂਦੇ ਗੁਣਾਂ ਵਾਲੀਆਂ ਬਿਹਤਰ, 'ਡਬਲ-ਲੋਅ' (ਘੱਟ ਈਰੂਸਿਕ ਐਸਿਡ ਅਤੇ ਘੱਟ ਗਲੂਕੋਸੀਨੋਲੇਟ ਵਾਲੀਆਂ) ਕਿਸਮਾਂ ਅਤੇ ਹਾਈਬ੍ਰਿਡਾਂ ਦਾ ਵਿਕਾਸ ਸ਼ਾਮਲ ਹੈ।

ਤੇਲ-ਬੀਜ ਭਾਗ ਦੀ ਇੰਚਾਰਜ ਡਾ. ਗੁਰਪ੍ਰੀਤ ਕੌਰ ਨੇ ਆਪਣੀ ਖੋਜ ਟੀਮ ਦੇ ਸਮਰਪਿਤ ਯਤਨਾਂ ਦੀ ਸ਼ਲਾਘਾ ਕੀਤੀ, ਜਿਸ ਵਿੱਚ ਡਾ. ਛਾਇਆ ਅਤਰੀ, ਡਾ. ਸਰਵਣ ਕੁਮਾਰ, ਡਾ. ਪੀ.ਐਸ. ਸੰਧੂ, ਡਾ. ਪੁਸ਼ਪ ਸ਼ਰਮਾ, ਡਾ. ਅਮਨਪ੍ਰੀਤ, ਡਾ. ਸੰਜੂਲਾ ਸ਼ਰਮਾ, ਡਾ. ਇੰਦੂ ਰਿਆਲਚ, ਡਾ. ਕੇ.ਕੇ. ਸ਼ਰਮਾ ਅਤੇ ਡਾ. ਮਧੂ ਢਿੰਗਰਾ ਸ਼ਾਮਲ ਸਨ।

ਪੌਦਾ ਪ੍ਰਜਨਨ ਅਤੇ ਜੈਨੇਟਿਕਸ ਵਿਭਾਗ ਦੇ ਮੁਖੀ ਡਾ. ਸੁਰਿੰਦਰ ਸੰਧੂ ਨੇ ਟੀਮ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਤੇਲ-ਬੀਜ ਭਾਗ ਦੇ ਉਨ੍ਹਾਂ ਨਿਰੰਤਰ ਯਤਨਾਂ ਦੀ ਜਾਇਜ਼ ਮਾਨਤਾ ਹੈ ਜਿਨ੍ਹਾਂ ਰਾਹੀਂ ਵਿਭਿੰਨ ਜੈਨੇਟਿਕ ਸਰੋਤਾਂ ਅਤੇ ਉ ਪੀ.ਏ.ਯੂ. (PAU) ਦੇ ਖੋਜ ਨਿਰਦੇਸ਼ਕ ਡਾ. ਏ.ਐਸ. ਢੱਟ ਨੇ ਤੇਲ-ਬੀਜ ਭਾਗ ਨੂੰ ਇਸ ਮਾਨਤਾ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਪੀ.ਏ.ਯੂ. ਪੰਜਾਬ ਵਿੱਚ ਤੇਲ-ਬੀਜਾਂ ਦੀ ਉਤਪਾਦਕਤਾ ਵਧਾਉਣ ਅਤੇ ਤੇਲ-ਬੀਜਾਂ ਦੀ ਘਾਟ ਤੇ ਦਰਾਮਦ ਕੀਤੇ ਜਾਣ ਵਾਲੇ ਖਾਣਯੋਗ ਤੇਲਾਂ 'ਤੇ ਨਿਰਭਰਤਾ ਨੂੰ ਘਟਾਉਣ ਲਈ ਕੀਤੇ ਜਾ ਰਹੇ ਵਿਆਪਕ ਰਾਸ਼ਟਰੀ ਯਤਨਾਂ ਵਿੱਚ ਅਹਿਮ ਭੂਮਿਕਾ ਨਿਭਾ ਸਕਦੀ ਹੈ।

ਪੀ.ਏ.ਯੂ. ਦੇ ਉਪ-ਕੁਲਪਤੀ ਡਾ. ਰਿਸ਼ੀ ਪਾਲ ਸਿੰਘ ਨੇ ਕਿਹਾ ਕਿ ਅਜਿਹੀ ਰਾਸ਼ਟਰੀ ਪੱਧਰ ਦੀ ਮਾਨਤਾ ਯੂਨੀਵਰਸਿਟੀ ਦਾ ਮਾਣ ਵਧਾਉਂਦੀ ਹੈ ਅਤੇ ਵਿਗਿਆਨੀਆਂ ਨੂੰ ਖੋਜ ਦੇ ਖੇਤਰ ਵਿੱਚ ਉੱਤਮਤਾ ਹਾਸਲ ਕਰਨ ਲਈ ਉਤਸ਼ਾਹਿਤ ਕਰਦੀ ਹੈ।

## ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ, ਫਰੀਦਕੋਟ ਵਿਖੇ ਐਂਟੀ-ਰੈਗਿੰਗ ਜਾਗਰੂਕਤਾ ਹਫ਼ਤਾ ਮਨਾਇਆ ਗਿਆ ।

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ



ਫ਼ਰੀਦਕੋਟ 22 ਅਗਸਤ : ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ, ਫਰੀਦਕੋਟ ਵਿਖੇ ਐਂਟੀ-ਰੈਗਿੰਗ ਜਾਗਰੂਕਤਾ ਹਫ਼ਤਾ ਕਾਲਜ ਦੇ ਪ੍ਰਿੰਸੀਪਲ ਡਾ. ਸੀਮਾ ਭੱਟੀ ਦੀ ਅਗਵਾਈ ਹੇਠ ਕਰਵਾਇਆ ਗਿਆ। ਡਾ. ਗਿਰੀਸ਼ ਸਾਹਨੀ, ਰਜਿਸਟਰਾਰ, ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼, ਫਰੀਦਕੋਟ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਡਾ. ਰਾਜ ਕੁਮਾਰ, ਮੁਖੀ, ਫਾਰਮਾਕੋਲੋਜੀ ਵਿਭਾਗ ਨੇ ਪ੍ਰੋਗਰਾਮ ਦੇ ਕੋਆਰਡੀਨੇਟਰ ਵਜੋਂ ਭੂਮਿਕਾ ਨਿਭਾਈ। ਪ੍ਰੋਗਰਾਮ ਵਿੱਚ ਡਾ ਰੋਹਿਤ ਚੋਪੜਾ, ਅਡੀਸ਼ਨਲ ਰਜਿਸਰਾਰ, ਡਾ ਗੁਰਸ਼ਰਨ ਸਿੰਘ ਢੀਡਸਾ ਅਤੇ ਕਾਲਜ ਦੇ ਫੈਕਲਟੀ ਮੈਂਬਰਾਂ ਵਲੋਂ ਸ਼ਿਰਕਤ ਕੀਤੀ ਗਈ।

ਇਸ ਹਫ਼ਤੇ ਭਰ ਚੱਲੇ ਜਾਗਰੂਕਤਾ ਪ੍ਰੋਗਰਾਮ ਦਾ ਥੀਮ "ਰੈਗਿੰਗ ਦੇ ਵਿਰੁੱਧ ਇਕਜੁੱਟ • ਸੁਰੱਖਿਅਤ ਕੈਂਪਸ • ਸਭ ਲਈ ਸਨਮਾਨ" ਰਿਹਾ। ਇਸ ਦਾ ਉਦੇਸ਼ ਵਿਦਿਆਰਥੀਆਂ ਨੂੰ ਰੈਗਿੰਗ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਕਾਲਜ ਕੈਂਪਸ ਵਿੱਚ ਸੁਰੱਖਿਅਤ, ਸਨਮਾਨਜਨਕ ਅਤੇ ਸੁਖਾਵਾਂ ਮਾਹੌਲ ਨੂੰ ਉਤਸ਼ਾਹਿਤ ਕਰਨਾ ਸੀ।




ਪ੍ਰੋਗਰਾਮ ਦੀ ਸ਼ੁਰੂਆਤ ਐਮ.ਬੀ.ਬੀ.ਐਸ. ਪਹਿਲੇ ਪ੍ਰੋਫੈਸ਼ਨਲ ਦੇ ਵਿਦਿਆਰਥੀਆਂ ਲਈ ਐਂਟੀ-ਰੈਗਿੰਗ ਸਹੁੰ ਚੁੱਕ ਸਮਾਗਮ ਨਾਲ ਹੋਈ। ਇਸ ਤੋਂ ਬਾਅਦ ਐਮ.ਬੀ.ਬੀ.ਐਸ. ਫਾਈਨਲ ਪ੍ਰੋਫੈਸ਼ਨਲ ਦੇ ਵਿਦਿਆਰਥੀਆਂ ਲਈ ਐਂਟੀ-ਰੈਗਿੰਗ ਜਾਗਰੂਕਤਾ ਸਬੰਧੀ ਲਘੂ ਫ਼ਿਲਮ ਦਿਖਾਈ ਗਈ। ਇਸ ਤੋਂ ਇਲਾਵਾ ਪੋਸਟਰ ਮੁਕਾਬਲਾ ਅਤੇ ਰੰਗੋਲੀ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਰਚਨਾਤਮਕ ਪੋਸਟਰਾਂ ਰਾਹੀਂ ਰੈਗਿੰਗ ਦੇ ਵਿਰੁੱਧ ਆਪਣੇ ਵਿਚਾਰ ਪ੍ਰਗਟ ਕੀਤੇ। ਹਫ਼ਤੇ ਦੀ ਸਮਾਪਤੀ ਵਾਲੀਡਿਕਟਰੀ ਸਮਾਗਮ ਅਤੇ ਸਰਟੀਫਿਕੇਟ ਵੰਡ ਸਮਾਰੋਹ ਨਾਲ ਹੋਈ।

ਇਸ ਮੌਕੇ ਸੰਬੋਧਨ ਕਰਦਿਆਂ ਡਾ. ਗਿਰੀਸ਼ ਸਾਹਨੀ, ਰਜਿਸਟਰਾਰ, ਬੀ.ਐੱਫ.ਯੂ.ਐੱਚ.ਐੱਸ. ਨੇ ਐਂਟੀ-ਰੈਗਿੰਗ ਜਾਗਰੂਕਤਾ ਲਈ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮੈਡੀਕਲ ਸਿੱਖਿਆ ਦੇ ਖੇਤਰ ਵਿੱਚ ਰੈਗਿੰਗ ਲਈ ਕੋਈ ਥਾਂ ਨਹੀਂ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪੇਸ਼ੇਵਰਾਨਾ ਵਿਵਹਾਰ, ਹਮਦਰਦੀ ਅਤੇ ਆਪਸੀ ਸਨਮਾਨ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ।

ਡਾ. ਸੀਮਾ ਭੱਟੀ, ਪ੍ਰਿੰਸੀਪਲ, ਜੀ.ਜੀ.ਐੱਸ. ਮੈਡੀਕਲ ਕਾਲਜ, ਫਰੀਦਕੋਟ ਨੇ ਕਾਲਜ ਦੀ ਰੈਗਿੰਗ ਪ੍ਰਤੀ ਜ਼ੀਰੋ ਟੋਲਰੈਂਸ ਨੀਤੀ ਨੂੰ ਦੁਹਰਾਉਂਦਿਆਂ ਕਿਹਾ ਕਿ ਹਰ ਵਿਦਿਆਰਥੀ ਨੂੰ ਸੁਰੱਖਿਅਤ, ਸਹਿਯੋਗੀ ਅਤੇ ਸਨਮਾਨਜਨਕ ਸਿੱਖਣ ਦਾ ਮਾਹੌਲ ਪ੍ਰਦਾਨ ਕਰਨਾ ਕਾਲਜ ਦੀ ਪ੍ਰਮੁੱਖ ਜ਼ਿੰਮੇਵਾਰੀ ਹੈ।

ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਰਾਜ ਕੁਮਾਰ ਨੇ ਕਿਹਾ ਕਿ ਇਸ ਹਫ਼ਤੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਰੈਗਿੰਗ ਸਬੰਧੀ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਰੈਗਿੰਗ-ਮੁਕਤ ਕੈਂਪਸ ਲਈ ਸਾਂਝੇ ਤੌਰ 'ਤੇ ਯਤਨ ਕਰਨ ਲਈ ਪ੍ਰੇਰਿਤ ਕਰਨਾ ਸੀ। ਉਨ੍ਹਾਂ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਫੈਕਲਟੀ, ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਦਿੱਤੇ ਸਰਗਰਮ ਸਹਿਯੋਗ ਲਈ ਧੰਨਵਾਦ ਕੀਤਾ।

## ਵੱਧ ਰਹੀ ਮਹਿੰਗਾਈ ਨੇ ਸਾਰਿਆਂ ਦਾ ਜਿਊਣਾ ਮੁਸ਼ਕਿਲ ਕੀਤਾ : ਗਗਨ ਥੰਨਾ

### ਮਿਸ਼ਨ ਮਹਿਲਾ ਮੈਂਬਰਾਂ ਨੇ ਦੁੱਖ ਦੱਸਿਆ

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ

ਸ੍ਰੀ ਮੁਕਤਸਰ ਸਾਹਿਬ 22 ਅਗਸਤ : ਪੈਟਰੋਲ, ਡੀਜ਼ਲ ਅਤੇ ਗੈਸ ਤੋਂ ਪਿਛੋਂ ਹਰ ਤਰ੍ਹਾਂ ਦੀਆਂ ਵਸਤੂਆਂ ਦੇ ਭਾਅ ਅਸਮਾਨੀ ਚੜ੍ਹੇ ਹੋਏ ਹਨ। ਆਮ ਵਰਤੋਂ ਦੀਆਂ ਚੀਜ਼ਾਂ ਖਰੀਦਣਾ ਆਮ ਆਦਮੀ ਦੇ ਵਸੋਂ ਬਾਹਰ ਹੋ ਗਿਆ ਹੈ। ਹਰ ਘਰ ਦਾ ਬੱਜਟ ਵਿਗੜ ਚੁੱਕਾ ਹੈ। ਦਿਨੋਂ ਦਿਨ ਵੱਧ ਰਹੀ ਮਹਿੰਗਾਈ ਨੇ ਆਮ ਆਦਮੀ ਦਾ ਜਿਊਣਾ ਦੂਭਰ ਕਰ ਦਿੱਤਾ ਹੈ। ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਿਤ ਪ੍ਰਮੁੱਖ ਵਰਕਿੰਗ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੀ ਪ੍ਰੋਜੈਕਟ ਮੈਨੇਜਰ ਗਗਨ ਥੰਨਾ ਨੇ ਉਕਤ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਮਿਸ਼ਨ ਦੀਆਂ ਹੋਰਨਾਂ ਮਹਿਲਾ ਮੈਂਬਰਾਂ ਦੇ ਵਿਚਾਰ ਅੱਜ ਇਥੇ ਪ੍ਰੈਸ ਨਾਲ ਸਾਂਝੇ ਕੀਤੇ ਹਨ। ਸਥਾਨਕ ਪੰਜਾਬ ਨੈਸ਼ਨਲ ਬੈਂਕ ਵਿਚ ਤਾਇਨਾਤ ਮਿਸ਼ਨ ਦੀ ਸੰਸਥਾਪਕ ਮੈਂਬਰ ਸ਼ੈਲਜਾ ਗਿਰਧਰ ਨੇ ਕਿਹਾ ਹੈ ਕਿ ਵੱਧ ਰਹੀ ਮਹਿੰਗਾਈ ਨਾਲ ਰਸੋਈ ਦੀਆਂ ਜਰੂਰਤਾਂ, ਘਰੇਲੂ ਵਰਤੋਂ ਦੇ ਪਦਾਰਥ ਅਤੇ



ਗਗਨ ਥੰਨਾ | ਸ਼ੈਲਜਾ ਗਿਰਧਰ | ਬਿਮਲਾ ਢੋਸੀਵਾਲ | ਕੰਚਨ ਅਰੋੜਾ | ਰੇਣੂ ਗਿਰਧਰ | ਇੰਦਰਜੀਤ ਕੌਰ

ਬੱਚਿਆਂ ਦੀ ਸਿੱਖਿਆ ਬਹੁਤ ਮਹਿੰਗੀ ਹੋ ਗਈ ਹੈ। ਮਹਿੰਗਾਈ ਦੇ ਇਸ ਦੌਰ ਵਿੱਚ ਹਰੇਕ ਘਰ ਦਾ ਬੱਜਟ ਡਾਵਾਂ ਡੋਲ ਹੋ ਗਿਆ ਹੈ। ਪੰਜਾਬ ਸਿੱਖਿਆ ਵਿਭਾਗ ਵਿਚੋਂ ਸੇਵਾ ਮੁਕਤ ਮੁੱਖ ਅਧਿਆਪਕਾ ਅਤੇ ਮਿਸ਼ਨ ਮੈਂਬਰ ਬਿਮਲਾ ਢੋਸੀਵਾਲ ਨੇ ਕਿਹਾ ਕਿ ਇਕ ਸੋਚੀ ਸਮਝੀ ਚਾਲ ਤਹਿਤ ਸਿਰਫ਼ ਕਾਰਪੋਰੇਟ ਘਰਾਣਿਆਂ ਨੂੰ ਖੁਸ਼ ਕਰਨ ਅਤੇ ਲਾਭ ਪਹੁੰਚਾਉਣ ਲਈ ਹੀ ਮਹਿੰਗਾਈ ਵਿੱਚ ਬੇਤਹਾਸ਼ਾ ਵਾਧਾ ਕੀਤਾ ਜਾ ਰਿਹਾ ਹੈ। ਮਿਸ਼ਨ ਦੇ ਲੋਕ ਸੰਪਰਕ ਵਿੰਗ ਦੇ ਡਿਪਟੀ ਡਾਇਰੈਕਟਰ ਦੀ ਧਰਮ ਪਤਨੀ ਕੰਚਨ ਅਰੋੜਾ ਨੇ ਕਿਹਾ ਹੈ ਕਿ ਵੱਧ ਰਹੀ ਮਹਿੰਗਾਈ ਨੇ ਆਉਣ ਵਾਲੇ ਤਿਉਹਾਰਾਂ ਦਾ ਸਵਾਦ ਫਿੱਕਾ ਕਰ ਦਿੱਤਾ ਹੈ। ਸਰਕਾਰ ਨੂੰ ਮਹਿੰਗਾਈ ਰੋਕਣ ਲਈ ਉਚਿਤ ਕਦਮ ਉਠਾਉਣ ਚਾਹੀਦੇ ਹਨ। ਇਸੇ ਤਰ੍ਹਾਂ ਸਥਾਨਕ ਬਠਿੰਡਾ ਰੋਡ ਸਥਿਤ 'ਮਾਇ ਛੋਟਾ ਸਕੂਲ' ਦੀ ਪ੍ਰਿੰਸੀਪਲ ਅਤੇ ਲੰਮੇ ਸਮੇਂ ਤੋਂ ਮਿਸ਼ਨ ਵਿਚ ਸੇਵਾਵਾਂ ਨਿਭਾ ਰਹੇ ਰੇਨੂੰ ਗਿਰਧਰ ਨੇ ਕਿਹਾ ਹੈ ਕਿ ਜੇ ਮਹਿੰਗਾਈ ਦੀ ਰਫ਼ਤਾਰ ਇਸੇ ਤਰ੍ਹਾਂ ਵੱਧਦੀ ਗਈ ਤਾਂ ਆਉਣ ਵਾਲੇ ਸਮੇਂ ਵਿੱਚ ਸਥਿਤੀ ਬੇਹੱਦ ਖਤਰਨਾਕ ਅਤੇ ਵਿਸਫੋਟਕ ਹੋ ਸਕਦੀ ਹੈ। ਸਰਕਾਰ ਨੂੰ ਡੀਜ਼ਲ, ਪੈਟਰੋਲ, ਗੈਸ, ਘਰੇਲੂ ਵਰਤੋਂ ਦੀਆਂ ਵਸਤਾਂ ਅਤੇ ਫਲ ਸਬਜ਼ੀਆਂ ਆਦਿ ਸਮੇਤ ਹਰ ਚੀਜ਼ ਦੀ ਕੀਮਤ 'ਤੇ ਕੰਟਰੋਲ ਕਰਨਾ ਚਾਹੀਦਾ ਹੈ। ਸਥਾਨਕ ਨਗਰ ਕੌਂਸਲ ਦੀ ਸਾਬਕਾ ਕੌਂਸਲਰ ਤੇ ਮਿਸ਼ਨ ਦੀ ਸੰਸਥਾਪਕ ਟੀਮ ਦੀ ਮੈਂਬਰ ਇੰਦਰਜੀਤ ਕੌਰ ਜੱਗਾ ਨੇ ਵੀ ਵੱਧ ਰਹੀ ਮਹਿੰਗਾਈ ਦੀ ਨਿਖੇਧੀ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ, ਕਾਰਪੋਰੇਟ ਘਰਾਣਿਆਂ, ਜਮਾਂ ਖੋਰਾਂ ਅਤੇ ਮਿਲਾਵਟ ਖੋਰਾਂ ਦੀ ਸਾਂਝੀ ਮਿਲੀਭੁਗਤ ਨਾਲ ਆਮ ਲੋਕ ਵੱਧ ਰਹੀ ਮਹਿੰਗਾਈ ਦਾ ਸੰਤਾਪ ਹੰਢਾ ਰਹੇ ਹਨ। ਉਨ੍ਹਾਂ ਨੇ ਇਸ ਮਹਿੰਗਾਈ ਨੂੰ ਰੋਕਣ ਲਈ ਉਚਿਤ ਕਦਮ ਉਠਾਏ ਜਾਣ ਦੀ ਲੋੜ 'ਤੇ ਜੋਰ ਦਿੱਤਾ ਹੈ।

## ਦਸਮੇਸ਼ ਮਿਸ਼ਨ ਸਕੂਲ ਹਰੀਨੌਂ ਵਿੱਚ ਮਨਾਇਆ ਸਦਭਾਵਨਾ ਦਿਵਸ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 22 ਅਗਸਤ : ਨੇੜਲੇ ਪਿੰਡ ਹਰੀਨੌਂ ਦੇ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਦਭਾਵਨਾ ਦਿਵਸ ਮਨਾਇਆ ਗਿਆ। ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸਹਿਯੋਗ ਦੀ ਭਾਵਨਾ ਵਿਕਸਿਤ ਕਰਨਾ ਹੈ। ਇਸ ਮੌਕੇ ਐਨ.ਐਸ.ਐਸ. ਪ੍ਰੋਗਰਾਮ ਅਫਸਰ ਸ਼ਮਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਇਹ ਦਿਨ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦੇ ਜਨਮਦਿਨ ਮੌਕੇ 'ਤੇ ਬੜੀ ਹੀ ਖੁਸ਼ੀ ਨਾਲ ਪੂਰੇ ਭਾਰਤ ਵਿੱਚ ਮਨਾਇਆ ਜਾਂਦਾ ਹੈ। ਉਹਨਾਂ ਦਾ ਵਿਸ਼ਵਾਸ ਸੀ ਕਿ ਜੇਕਰ ਦੇਸ਼ ਦਾ ਹਰ ਨਾਗਰਿਕ ਪਿਆਰ, ਸਹਿਯੋਗ ਅਤੇ ਸਦਭਾਵਨਾ ਨਾਲ ਰਹੇਗਾ ਤਾਂ ਦੇਸ਼ ਬੜੀ ਜਲਦੀ ਹੀ ਵਿਕਾਸ ਦੀਆਂ ਉਚਾਈਆਂ ਤੱਕ ਪਹੁੰਚੇਗਾ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਕਵਿਤਾ ਉਚਾਰਨ ਅਤੇ




ਭਾਸ਼ਣ ਮੁਕਾਬਲਿਆਂ ਵਿੱਚ ਭਾਗ ਲਿਆ ਗਿਆ। ਇਸ ਮੌਕੇ ਬੋਲਦਿਆਂ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਸਦਭਾਵਨਾ ਦਾ ਅਰਥ ਹੈ ਭਾਈਚਾਰੇ ਅਤੇ ਏਕਤਾ ਨਾਲ ਰਹਿਣਾ। ਇਹ ਸਾਡੇ ਜੀਵਨ ਦਾ ਆਧਾਰ ਹੈ। ਸਾਨੂੰ ਕਿਸੇ ਵੀ ਆਧਾਰ 'ਤੇ ਕਿਸੇ ਮਨੁੱਖ ਨਾਲ ਕੋਈ ਭੇਦਭਾਵ ਨਹੀਂ ਕਰਨਾ ਚਾਹੀਦਾ, ਸਗੋਂ ਸਾਰਿਆਂ ਨਾਲ ਮਿਲ ਜੁਲ ਕੇ ਰਹਿਣਾ ਚਾਹੀਦਾ ਹੈ। ਜੇਕਰ ਕਿਸੇ ਨੂੰ ਮੱਦਦ ਦੀ ਲੋੜ ਹੈ ਤਾਂ ਉਸਦੀ ਮੱਦਦ ਕਰੋ ਤੇ ਉਸਦਾ ਆਸਰਾ ਬਣੋ। ਜੇਕਰ ਕਿਸੇ ਨਾਲ ਨਾ ਇਨਸਾਫੀ ਹੁੰਦੀ ਹੈ ਤਾਂ ਉਸ ਲਈ ਬੋਲੋ। ਨਫਰਤ ਅਤੇ ਈਰਖਾ ਕਮਜ਼ੋਰ ਵਿਅਕਤੀ ਦੀ ਨਿਸ਼ਾਨੀ ਹਨ, ਜਦਕਿ ਪਿਆਰ ਤੇ ਸਹਿਯੋਗ ਬਹਾਦਰਾਂ ਦੀ ਪਛਾਣ ਹੈ। ਡਾਇਰੈਕਟਰ/ਪ੍ਰਿੰਸੀਪਲ ਮੈਡਮ ਸੁਰਿੰਦਰ ਕੌਰ ਅਤੇ ਪ੍ਰਿੰਸੀਪਲ ਮੈਡਮ ਸੋਮਾ ਦੇਵੀ ਨੇ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ।

## ਜ਼ਿਲ੍ਹਾ ਪ੍ਰਸ਼ਾਸਨ ਤੇ ਵਰਧਮਾਨ ਸਟੀਲਜ਼ ਦੀ ਸਾਂਝੀ ਪਹਿਲ ਤਹਿਤ 'ਸਿਹਤ ਸੇਵਿਕਾ' ਪ੍ਰੋਜੈਕਟ ਦੀ ਸ਼ੁਰੂਆਤ, 50 ਸਿਹਤ ਸੇਵਕਾਂ ਨੂੰ ਮਿਲੇਗੀ ਵਿਸ਼ੇਸ਼ ਸਿਖਲਾਈ

### ਸਿਹਤ ਸੇਵਿਕਾ' ਨਾਲ ਸਿਹਤ ਸਹਾਇਤਾ ਦੇ ਨਾਲ ਰੁਜ਼ਗਾਰ ਦੇ ਮੌਕੇ ਵੀ ਵਧਣਗੇ: ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ, 22 ਅਗਸਤ:ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ (ਵੀ.ਐਸ.ਐਸ.ਐਲ.) ਨੇ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਅਤੇ ਬਹਾਰ ਫਾਊਂਡੇਸ਼ਨ ਦੇ ਸਹਿਯੋਗ ਨਾਲ ਆਪਣੇ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਐਸ.ਆਰ.) ਪ੍ਰੋਗਰਾਮ 'ਸਵਸਥ ਸਮਾਜ' ਤਹਿਤ ਅੱਜ 'ਸਿਹਤ ਸੇਵਿਕਾ' ਪ੍ਰੋਜੈਕਟ ਦੀ ਸ਼ੁਰੂਆਤ ਕੀਤੀ। ਇਸ ਪਹਿਲਕਦਮੀ ਦਾ ਉਦੇਸ਼ ਲੋੜਵੰਦ ਲੋਕਾਂ ਤੱਕ ਮੁੱਢਲੀਆਂ ਸਿਹਤ ਸੇਵਾਵਾਂ ਦੀ ਪਹੁੰਚ ਯਕੀਨੀ ਬਣਾਉਣਾ ਅਤੇ ਸਿਹਤ ਜਾਗਰੂਕਤਾ ਨੂੰ ਮਜ਼ਬੂਤ ਕਰਨਾ ਹੈ।

ਇਸ ਪ੍ਰੋਜੈਕਟ ਤਹਿਤ 50 ਸਿਹਤ ਸੇਵਕਾਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ। ਸਿਖਲਾਈ ਪ੍ਰਾਪਤ ਸਿਹਤ ਸੇਵਕਾਂ ਨੂੰ ਮਰੀਜ਼ਾਂ ਦੀ ਮੁੱਢਲੀ ਜਾਂਚ ਅਤੇ ਸਿਹਤ ਸਬੰਧੀ ਜ਼ਰੂਰੀ ਸਹਾਇਤਾ ਪ੍ਰਦਾਨ ਕਰਨ ਲਈ ਡਾਕਟਰੀ ਉਪਕਰਣਾਂ ਨਾਲ ਲੈਸ ਮੁਫ਼ਤ ਮੈਡੀਕਲ ਕਿੱਟਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਪ੍ਰੋਜੈਕਟ ਨੂੰ ਵਰਧਮਾਨ ਸਟੀਲਜ਼ ਲੁਧਿਆਣਾ ਵੱਲੋਂ 9 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ।




ਇਸ ਮੌਕੇ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ, ਆਈ.ਏ.ਐਸ. ਨੇ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੇ ਚੇਅਰਮੈਨ ਸ੍ਰੀ ਸਚਿਤ ਜੈਨ ਅਤੇ ਸ੍ਰੀਮਤੀ ਸੌਮਿਆ ਜੈਨ ਦੀ ਅਗਵਾਈ ਹੇਠ ਲੋੜਵੰਦ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ 'ਸਿਹਤ ਸੇਵਿਕਾ' ਵਰਗੀਆਂ ਪਹਿਲਕਦਮੀਆਂ ਲੋਕਾਂ ਨੂੰ ਸਮੇਂ ਸਿਰ ਮੁੱਢਲੀ ਸਿਹਤ ਸਹਾਇਤਾ ਪ੍ਰਦਾਨ ਕਰਨ ਦੇ ਨਾਲ-ਨਾਲ ਸਿਖਲਾਈ ਪ੍ਰਾਪਤ ਸਿਹਤ ਸੇਵਕਾਂ ਲਈ ਰੁਜ਼ਗਾਰ ਅਤੇ ਰੋਜ਼ੀ-ਰੋਟੀ ਦੇ ਮੌਕੇ ਪੈਦਾ ਕਰਨ ਵਿੱਚ ਵੀ ਸਹਾਇਕ ਸਾਬਤ ਹੋਣਗੀਆਂ।

ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੇ ਸੀ.ਐਸ.ਆਰ. ਮੁਖੀ ਸ੍ਰੀ ਅਮਿਤ ਧਵਨ ਨੇ ਦੱਸਿਆ ਕਿ ਕੰਪਨੀ ਵੱਲੋਂ ਸਮਾਜ ਦੇ ਲੋੜਵੰਦ ਵਰਗਾਂ ਦੀ ਸਿਹਤ ਸੰਭਾਲ ਲਈ ਲਗਾਤਾਰ ਵੱਖ-ਵੱਖ ਪ੍ਰੋਜੈਕਟ ਚਲਾਏ ਜਾ ਰਹੇ ਹਨ। ਇਨ੍ਹਾਂ ਵਿੱਚ ਅੱਖਾਂ ਦੇ ਮੋਤੀਆਬਿੰਦ ਦੀਆਂ ਮੁਫ਼ਤ ਸਰਜਰੀਆਂ, ਮਹਿਲਾਵਾਂ ਲਈ ਮੁਫ਼ਤ ਮਾਹਵਾਰੀ ਸਿਹਤ ਸਹਾਇਤਾ, ਨਕਲੀ ਅੰਗ ਮੁਹੱਈਆ ਕਰਵਾਉਣ ਸਮੇਤ ਹੋਰ ਸਿਹਤ ਸੰਭਾਲ ਪ੍ਰੋਗਰਾਮ ਸ਼ਾਮਲ ਹਨ।

ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਨੇ ਸੀ.ਐਸ.ਆਰ. ਮੁਖੀ ਸ੍ਰੀ ਅਮਿਤ ਧਵਨ ਦੀ ਵੀ ਜ਼ਿਲ੍ਹਾ ਪ੍ਰਸ਼ਾਸਨ ਨਾਲ ਮਿਲ ਕੇ ਹਰ ਸੀ.ਐਸ.ਆਰ. ਪਹਿਲਕਦਮੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰੀ ਅਤੇ ਨਿੱਜੀ ਸੰਸਥਾਵਾਂ ਦੇ ਸਾਂਝੇ ਯਤਨਾਂ ਨਾਲ ਸਮਾਜ ਦੇ ਕਮਜ਼ੋਰ ਵਰਗਾਂ ਤੱਕ ਸਿਹਤ ਸੇਵਾਵਾਂ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਈਆਂ ਜਾ ਸਕਦੀਆਂ ਹਨ।

## ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਵੀ.ਐਸ.ਐਸ.ਐਲ. ਵੱਲੋਂ ਸਰਕਾਰੀ ਸਕੂਲਾਂ ਦੇ 4,000 ਵਿਦਿਆਰਥੀਆਂ ਲਈ ਅੰਗਰੇਜ਼ੀ ਸਿੱਖਿਆ ਪ੍ਰੋਗਰਾਮ ਦੀ ਸ਼ੁਰੂਆਤ

### ਵੀ.ਐਸ.ਐਸ.ਐਲ. ਵੱਲੋਂ ਅੰਗਰੇਜ਼ੀ ਸਿੱਖਿਆ ਪ੍ਰੋਜੈਕਟ ਲਈ 15 ਲੱਖ ਰੁਪਏ ਦੀ ਸਹਾਇਤਾ ਦਿੱਤੀ

### ਡੀ.ਸੀ. ਹਿਮਾਂਸ਼ੂ ਜੈਨ ਨੇ ਵੀ.ਐਸ.ਐਸ.ਐਲ. ਦੀ ਸਿੱਖਿਆ ਪਹਿਲ ਦੀ ਕੀਤੀ ਸ਼ਲਾਘਾ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ, 22 ਅਗਸਤ:ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ (ਵੀ.ਐਸ.ਐਸ.ਐਲ), ਲੁਧਿਆਣਾ ਵੱਲੋਂ ਆਪਣੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਐਸ.ਆਰ.) ਪਹਿਲਕਦਮੀ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਅਤੇ ਅੰਗਰੇਜ਼ੀ ਸਹਾਇਕ ਦੇ ਸਹਿਯੋਗ ਨਾਲ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਅੰਗਰੇਜ਼ੀ ਭਾਸ਼ਾ ਸਿੱਖਿਆ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਇਸ ਪ੍ਰੋਜੈਕਟ ਦਾ ਉਦੇਸ਼ ਵਿਦਿਆਰਥੀਆਂ ਨੂੰ ਆਧੁਨਿਕ ਤਕਨਾਲੋਜੀ ਰਾਹੀਂ ਅੰਗਰੇਜ਼ੀ ਭਾਸ਼ਾ ਵਿੱਚ ਨਿਪੁੰਨ ਬਣਾਉਣਾ ਅਤੇ ਉਨ੍ਹਾਂ ਦੇ ਸਿੱਖਿਆਕ ਤੇ ਭਵਿੱਖੀ ਰੁਜ਼ਗਾਰ ਦੇ ਮੌਕਿਆਂ ਨੂੰ ਹੋਰ ਮਜ਼ਬੂਤ ਕਰਨਾ ਹੈ।

ਵੀ.ਐਸ.ਐਸ.ਐਲ. ਵੱਲੋਂ ਸਮਰਥਿਤ ਇਸ ਪ੍ਰੋਜੈਕਟ ਰਾਹੀਂ ਲੁਧਿਆਣਾ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਕਰੀਬ 4,000 ਵਿਦਿਆਰਥੀਆਂ ਨੂੰ ਵੱਖ-ਵੱਖ ਆਨਲਾਈਨ ਐਪਲੀਕੇਸ਼ਨ ਅਤੇ ਇੰਟਰਐਕਟਿਵ ਮਾਡਿਊਲਾਂ ਰਾਹੀਂ ਅੰਗਰੇਜ਼ੀ ਭਾਸ਼ਾ ਸਿੱਖਣ ਦਾ ਮੌਕਾ ਮਿਲੇਗਾ। ਇਹ ਪਹਿਲ ਵਿਦਿਆਰਥੀਆਂ ਦੀ ਸੁਣਨ, ਬੋਲਣ, ਪੜ੍ਹਨ ਅਤੇ ਲਿਖਣ ਦੀ ਸਮਰੱਥਾ ਨੂੰ ਵਿਕਸਤ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਨ ਵਿੱਚ ਸਹਾਇਕ ਹੋਵੇਗੀ।

ਇਸ ਮੌਕੇ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ, ਆਈ.ਏ.ਐਸ. ਨੇ ਪ੍ਰੋਜੈਕਟ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਅਜਿਹੀਆਂ ਪਹਿਲਕਦਮੀਆਂ ਬੱਚਿਆਂ ਦੇ ਉੱਜਵਲ ਭਵਿੱਖ ਲਈ ਬੇਹੱਦ ਮਹੱਤਵਪੂਰਨ ਹਨ। ਉਨ੍ਹਾਂ ਕਿਹਾ ਕਿ ਤਕਨਾਲੋਜੀ ਆਧਾਰਿਤ ਸਿੱਖਿਆ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਣ ਦੇ ਵਧੇਰੇ ਮੌਕੇ ਪ੍ਰਦਾਨ ਕਰ ਸਕਦੀ ਹੈ।

ਇਸ ਦੌਰਾਨ ਸ੍ਰੀ ਅਮਿਤ ਧਵਨ ਅਤੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ, ਆਈ.ਏ.ਐਸ. ਵੱਲੋਂ ਅੰਗਰੇਜ਼ੀ ਸਹਾਇਕ ਦੀ ਸ੍ਰੀਮਤੀ ਕਲਪਨਾ ਨੂੰ ਪ੍ਰੋਜੈਕਟ ਲਈ 15 ਲੱਖ ਰੁਪਏ ਦਾ ਚੈੱਕ ਸੌਂਪਿਆ ਗਿਆ।

ਸ੍ਰੀਮਤੀ ਕਲਪਨਾ ਨੇ ਵੀ.ਐਸ.ਐਸ.ਐਲ. ਦੇ ਪ੍ਰਬੰਧਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਅਤੇ ਉਤਸ਼ਾਹ ਨਾਲ ਇਹ ਪ੍ਰੋਜੈਕਟ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਤੱਕ ਪਹੁੰਚ ਸਕੇਗਾ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਪਹਿਲ ਵਿਦਿਆਰਥੀਆਂ ਦੀ ਅੰਗਰੇਜ਼ੀ ਭਾਸ਼ਾ ਪ੍ਰਤੀ ਦਿਲਚਸਪੀ ਵਧਾਉਣ ਅਤੇ ਉਨ੍ਹਾਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ।

ਵੀ.ਐਸ.ਐਸ.ਐਲ. ਵੱਲੋਂ ਕਿਹਾ ਗਿਆ ਕਿ ਕੰਪਨੀ ਸਿੱਖਿਆ ਅਤੇ ਸਮਾਜਿਕ ਵਿਕਾਸ ਨਾਲ ਜੁੜੀਆਂ ਪਹਿਲਕਦਮੀਆਂ ਰਾਹੀਂ ਸਮਾਜ ਦੀ ਭਲਾਈ ਲਈ ਆਪਣਾ ਯੋਗਦਾਨ ਜਾਰੀ ਰੱਖੇਗੀ।

## ਪੀ.ਐੱਮ. ਸ਼੍ਰੀ ਸਰਕਾਰੀ ਹਾਈ ਸਕੂਲ ਵਿਖੇ 'ਇੱਕ ਭਾਰਤ ਸ਼੍ਰੇਸ਼ਠ ਭਾਰਤ' ਮੁਹਿੰਮ ਤਹਿਤ ਖਿਡੌਣਾ ਨਿਰਮਾਣ ਪ੍ਰਦਰਸ਼ਨੀ ਦਾ ਆਯੋਜਨ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 22 ਅਗਸਤ : ਸਥਾਨਕ ਪੀ.ਐੱਮ.ਸ਼੍ਰੀ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਵਿਖੇ ਐੱਸ.ਐੱਸ. ਮਿਸਟ੍ਰੈਸ ਸ਼੍ਰੀਮਤੀ ਮੀਨੂੰ ਦਹਿਆ ਦੀ ਅਗਵਾਈ ਹੇਠ ਭਾਰਤ ਸਰਕਾਰ ਦੇ ਪ੍ਰੋਗਰਾਮ 'ਇੱਕ ਭਾਰਤ ਸ਼੍ਰੇਸ਼ਠ ਭਾਰਤ' ਗਤੀਵਿਧੀ ਅਧੀਨ ਅਗਸਤ ਮਹੀਨੇ ਦੇ ਵਿਸ਼ੇਸ਼ ਉਪਰਾਲੇ ਵਜੋਂ ਇੱਕ ਰਚਨਾਤਮਕ ਖਿਡੌਣਾ ਨਿਰਮਾਣ ਅਤੇ ਹਸਤਕਲਾ ਪ੍ਰਦਰਸ਼ਨੀ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੰਜਾਬ ਅਤੇ ਆਂਧਰਾ ਪ੍ਰਦੇਸ਼ ਰਾਜ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਪਰੰਪਰਾਗਤ ਲੋਕ-ਕਲਾ ਨਾਲ ਜੋੜਨਾ ਸੀ। ਇਸ ਪ੍ਰਦਰਸ਼ਨੀ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਅੰਦਰੂਨੀ ਪ੍ਰਤਿਭਾ ਅਤੇ ਸਿਰਜਣਾਤਮਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੇ ਮਿੱਟੀ ਅਤੇ ਲੱਕੜ ਦੇ ਪਰੰਪਰਾਗਤ ਖਿਡੌਣਿਆਂ ਦੇ ਨਾਲ-ਨਾਲ ਆਂਧਰਾ ਪ੍ਰਦੇਸ਼ ਦੀ ਮਸ਼ਹੂਰ ਹਸਤਕਲਾ (ਜਿਵੇਂ ਕਿ ਕੋਂਡਾਪੱਲੀ ਅਤੇ ਏਤੀਕੋਪਾਕਾ ਸ਼ੈਲੀ) ਤੋਂ ਪ੍ਰੇਰਿਤ ਰੰਗ-ਬਿਰੰਗੇ ਅਤੇ ਆਕਰਸ਼ਕ ਖਿਡੌਣੇ ਤਿਆਰ ਕੀਤੇ। ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਅਤੇ ਦਿਲਚਸਪੀ ਨਾਲ ਇਸ ਪੂਰੀ ਗਤੀਵਿਧੀ ਵਿੱਚ ਭਾਗ ਲਿਆ। ਇਸ ਮੌਕੇ ਐੱਸ.ਐੱਸ. ਮਿਸਟ੍ਰੈਸ ਸ਼੍ਰੀਮਤੀ ਮੀਨੂੰ ਦਹਿਆ ਨੇ ਵਿਦਿਆਰਥੀਆਂ ਨੂੰ ਦੋਵਾਂ ਰਾਜਾਂ ਦੀਆਂ ਕਲਾਕ੍ਰਿਤੀਆਂ ਦੇ ਇਤਿਹਾਸਿਕ ਅਤੇ ਸੱਭਿਆਚਾਰਕ ਮਹੱਤਵ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਆਪਣੀ ਕਲਾਤਮਕ ਸੋਚ ਨੂੰ ਹੋਰ ਨਿਖਾਰਨ ਲਈ ਪ੍ਰੇਰਿਤ ਕੀਤਾ। ਸਕੂਲ ਮੁਖੀ ਸ੍ਰੀ ਮਨੀਸ਼ ਛਾਬੜਾ ਨੇ ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਗਏ ਖਿਡੌਣਿਆਂ ਦੀ ਭੂਰੀ-ਭੂਰੀ ਪ੍ਰਸ਼ੰਸਾ ਕਰਦਿਆਂ ਅਜਿਹੀਆਂ ਗਤੀਵਿਧੀਆਂ ਨੂੰ ਬੱਚਿਆਂ ਦੇ ਸਰਬਪੱਖੀ ਵਿਕਾਸ ਅਤੇ ਅੰਤਰ-ਰਾਜੀ ਸੱਭਿਆਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਬਹੁਤ ਜਰੂਰੀ ਦੱਸਿਆ।

## ਬ੍ਰੈਡ ਅਤੇ ਬਟਰ" ਮਨੋਰੰਜਨ ਦੇ ਨਾਲ ਨਾਲ ਦਰਸ਼ਕਾਂ ਨੂੰ ਖੂਬਸੂਰਤ ਸੰਦੇਸ਼ ਵੀ ਦੇ ਕੇ ਜਾਵੇਗੀ – ਗੁਰਮੀਤ ਦਮਨ

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ ਦਰਦੀ ਫ਼ਰੀਦਕੋਟ




ਟੀ ਟੀ ਫ਼ਿਲਮ ਪ੍ਰੋਡਕਸ਼ਨ ਦੇ ਬੈਨਰ ਹੇਠ ਬਣੀ ਪੰਜਾਬੀ ਫੀਚਰ ਫ਼ਿਲਮ "ਬ੍ਰੈਡ ਅਤੇ ਬਟਰ" ਤਕਰੀਬਨ ਮੁਕੰਮਲ ਹੋ ਚੁੱਕੀ ਹੈ, ਜੋ ਕਿ ਬਹੁਤ ਜਲਦੀ ਸਿਨੇਮਾ ਘਰਾਂ ਦਾ ਸਿੰਗਾਰ ਬਣਨ ਜਾ ਰਹੀ ਹੈ, ਜੋ ਕਿ ਸਿਨੇਮਾਘਰ ਦੀ ਰੌਣਕ ਨੂੰ ਦੁੱਗਣਾ ਤਿੱਗਣਾ ਕਰੇਗੀ। ਫ਼ਿਲਮ ਲਾਈਨ ਦੇ ਨਾਮਵਰ ਪ੍ਰੋਡਿਊਸਰ ਅਤੇ ਐਕਟਰ ਗੁਰਮੀਤ ਦਮਨ ਨੇ ਫਿਲਮੀ ਪੱਤਰਕਾਰ ਸ਼ਿਵਨਾਥ ਦਰਦੀ ਫ਼ਰੀਦਕੋਟ ਨਾਲ ਗੱਲ ਬਾਤ ਕਰਦੇ ਹੋਏ ਦੱਸਿਆ ਕੇ "ਬ੍ਰੈਡ ਅਤੇ ਬਟਰ" ਦੀ ਕਹਾਣੀ ਬਹੁਤ ਹੀ ਵਧੀਆਂ ਸੰਦੇਸ਼ ਪੂਰਨ ਹੈਂ, ਇਹ ਇਕ ਮਨੋਰੰਜਨ ਭਰਪੂਰ ਫ਼ਿਲਮ ਹੈ ਗੁਰਮੀਤ ਦਮਨ ਜੀ ਨੇ ਦੱਸਿਆ ਕਿ "ਬ੍ਰੈਡ ਅਤੇ ਬਟਰ" ਫੀਚਰ ਫ਼ਿਲਮ ਦੀ ਕਹਾਣੀ ਜਿਸ ਤਰਾ ਅੱਜ ਕੱਲ ਦੀ ਨਵੀ ਪੀੜੀ ਵਿਚ ਆਪਸੀ ਰਿਸ਼ਤਿਆਂ ਦੇ ਵਿਚਲਾ ਪਿਆਰ ਖਤਮ ਹੋ ਰਿਹਾ ਹੈਂ, ਉਸਨੂੰ ਲੈਕੇ ਇੱਕ ਖੂਬਸੂਰਤ ਸਨੇਹਾ ਦੇ ਕੇ ਜਾਵੇਗੀ, ਇਸ ਫੀਚਰ ਫ਼ਿਲਮ ਦੀ ਕਹਾਣੀ ਪ੍ਰਸਿੱਧ ਫਿਲਮ ਕਹਾਣੀਕਾਰ "ਸ਼ਿਵਮ ਸ਼ਰਮਾਂ ਜੀ" ਦੀ ਹੈ , ਇਸਦੇ ਡਾਇਲਾਗ ਜੱਸ ਬਰਾੜ ਨੇ ਅਤੇ ਬਲਜੀਤ ਬਾਵਾ ਜੀ ਨੇ ਲਿਖੇ ਹਨ , ਫ਼ਿਲਮ ਨੂੰ ਡਾਇਰੈਕਟ ਵੀ ਸ਼ਿਵਮ ਸ਼ਰਮਾ ਜੀ ਨੇ ਹੀ ਕੀਤਾ ਹੈ , ਫ਼ਿਲਮ ਦੇ ਪ੍ਰੋਡਿਊਸਰ "ਪੀ ਐਸ ਸਿੱਧੂ ਜੀ" ਅਤੇ ਐਸੋਸੀਏਟ ਡਾਇਰੈਕਟਰ "ਸਿਖਾਂ ਸ਼ਰਮਾਂ ਜੀ" ਹਨ ਅਤੇ ਕੋਰਿਓਗ੍ਰਾਫਰ "ਪ੍ਰੀਤੀ ਸ਼ਰਮਾ ਜੀ" ਹਨ । ਚੀਫ ਅਸਿਸਟੈਂਟ "ਅੰਕਿਤ ਬਾਗੋਰੀਆਂ ਜੀ" ਹਨ। ਇਸ ਫਿਲਮ ਵਿਚ ਪੰਜਾਬੀ ਫਿਲਮ ਇੰਡਸਟਰੀ ਦੇ ਮੰਝੇ ਹੋਏ ਕਲਾਕਾਰਾਂ ਨੇ ਆਪਣੀ ਬਾਕਮਾਲ ਅਦਾਕਾਰੀ ਨਾਲ ਖੂਬਸੂਰਤ ਰੰਗ ਭਰੇ ਹਨ , ਜਿਵੇ ਕਿ ਅਦਾਕਾਰ ਅਰਪਣ ਸਿੰਘ , ਵਿਸ਼ੂ ਖੇਤੀਆਂ , ਰਿਯਾ ਸ਼ੁਕਲਾ , ਤਰਸੇਮ ਪੌਲ , ਪਰਮਿੰਦਰ ਗਿੱਲ , ਗੁਰਮੀਤ ਦਮਨ , ਸੁਖਦੇਵ ਬਰਨਾਲਾ , ਜਸਵਿੰਦਰ ਮਕੜੌਂਨਾ, ਬਲਜੀਤ ਬਾਵਾ , ਕੁਲਦੀਪ ਨਿਯਾਮੀ , ਰਾਜਿੰਦਰ ਕੌਰ ਰੋਜ਼ੀ , ਗੁਰਨੂਰ ਸ਼ਰਮਾ, ਹਰਿੰਦਰ ਕੌਰ ਮਾਨਸ਼ਾਹੀਆਂ , ਜਤਿੰਦਰ ਟਿੰਕਾ , ਮੰਜੂ ਮਾਹਲ , ਕਮਲ ਧਾਲੀਵਾਲ , ਜਸਕਰਨ ਮਲੂਕਾ , ਪਾਲੀ ਬਲਰਾਂ , ਗੁਰਮੀਤ ਮੁਸਤਫ਼ਾਬਾਦ, ਸੋਵੀ ਅਰੋੜਾ ਆਦਿ ਨੇ ਦਿਨ ਰਾਤ ਦੀ ਮਿਹਨਤ ਸਕਰੀਨ ਤੇ ਬੋਲਦੀ ਨਜ਼ਰ ਆਵੇਗੀ । ਸੋ ਪੰਜਾਬੀ ਫਿਲਮ ਇੰਡਸਟ੍ਰੀਜ ਨੂੰ ਪਿਆਰ ਕਰਨ ਵਾਲੇ ਦਰਸਕਾਂ ਨੂੰ , ਪੂਰੀ ਫਿਲਮ ਦੀ ਟੀਮ ਵੱਲੋ ਓਨਾਂ ਦੀ ਮਿਹਨਤ ਦਾ ਮੁੱਲ ਦਰਸ਼ਕ ਸਿਨੇਮਾਘਰਾਂ ਵਿਚ ਜਾ ਕੇ ਚੁਕਾਉਣ ਤੇ ਫਿਲਮ ਟੀਮ ਦੀ ਹੌਂਸਲਾ ਅਫ਼ਜ਼ਾਈ ਕਰਨ । ਆਮੀਨ